DUI 2/24/1038
11/3/24

ਦਫਤਰ ਡਾਇਰੈਕਟਰ ਉਚੇਰੀ ਸਿੱਖਿਆ ਵਿਭਾਗ ਪੰਜਾਬ ਐਸ.ਏ. ਐਸ. ਨਗਰ

(ਕਾਲਜ ਐਜੂਕੇਸ਼ਨ ਸ਼ਾਖਾ)

D-VC/24/1176-1177
11/3/2024

ਸੇਵਾ ਵਿਖੇ

ਸਮੂਹ ਸਰਕਾਰੀ ਅਤੇ ਪ੍ਰਾਈਵੇਟ ਯੂਨੀਵਰਸਿਟੀਆਂ ਦੇ ਰਜਿਸਟਰਾਰ ਸਾਹਿਬਾਨ,

ਸਮੂਹ ਸਰਕਾਰੀ/ਸਹਾਇਤਾ ਪ੍ਰਾਪਤ ਅਤੇ ਗੈਰ-ਸਹਾਇਤਾ ਪ੍ਰਾਪਤ ਕਾਲਜਾਂ ਦੇ ਪ੍ਰਿੰਸੀਪਲ ਸਾਹਿਬਾਨ,

ਮੀਮੋ ਨੰ: 662879 ਕਾਲਜ ਐਜੂਕੇਸ਼ਨ (3)/ 856

ਮਿਤੀ ਐਸ .ਏ. ਐਸ . ਨਗਰ: 11/03/24

ਵਿਸ਼ਾ : ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ, ਸ਼ਹੀਦ ਸੁਖਦੇਵ ਜੀ ਅਤੇ ਸ਼ਹੀਦ ਰਾਜਗੁਰੂ ਜੀ ਦੇ ਸ਼ਹਾਦਤ ਦਿਵਸ ਮਿਤੀ 23 ਮਾਰਚ 2024 ਨੂੰ ਗਤੀਵਿਧੀਆਂ ਕਰਵਾਉਣ ਸਬੰਧੀ ।

ਉਪਰੋਕਤ ਵਿਸ਼ੇ ਸਬੰਧੀ ਦਸਿਆ ਜਾਂਦਾ ਹੈ ਕਿ ਮਿਤੀ 23-03-2024 ਨੂੰ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ, ਸ਼ਹੀਦ ਸੁਖਦੇਵ ਜੀ ਅਤੇ ਸ਼ਹੀਦ ਰਾਜਗੁਰੂ ਜੀ ਦੇ ਸ਼ਹਾਦਤ ਦਿਵਸ ਮੌਕੇ ਤੇ ਆਪ ਨੂੰ ਆਪਣੀ ਸੰਸਥਾ ਵਿੱਚ ਹੇਠ ਲਿਖੀਆਂ ਗਤੀਵਿਧੀਆਂ ਕਰਾਉਣ ਦੀ ਹਦਾਇਤ ਕੀਤੀ ਜਾਂਦੀ ਹੈ:-

| ਲੜੀ ਨੰ | ਸਮਾਂ | ਪ੍ਰੋਗਰਾਮ | ਵਿਸ਼ੇਸ ਕਥਨ |
|---|---|---|---|
| 1 | ਸਵੇਰੇ 7.30 ਵਜੇ 8.00 ਵਜੇ ਤੱਕ | ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ, ਸ਼ਹੀਦ ਸੁਖਦੇਵ ਜੀ ਅਤੇ ਸ਼ਹੀਦ ਰਾਜਗੁਰੂ ਜੀ ਦੀ ਯਾਦ ਨੂੰ ਸਮਰਪਿਤ ਸਾਈਕਲ ਰੈਲੀ ਕਢੀ ਜਾਵੇ । | ਇਸ ਸਾਈਕਲ ਰੈਲੀ ਨੂੰ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਵਲੋ ਝੰਡੀ ਦਿਖਾ ਕੇ ਰਵਾਨਾ ਕੀਤਾ ਜਾਵੇ। |
| 2 | ਸਵੇਰੇ 10.00 ਵਜੇ ਤੋ 2.00 ਵਜੇ ਤੱਕ | ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ, ਸ਼ਹੀਦ ਸੁਖਦੇਵ ਜੀ ਅਤੇ ਸ਼ਹੀਦ ਰਾਜਗੁਰੂ ਜੀ ਦੇ ਜੀਵਨ ਫਲਸਫੇ ਉਪਰ ਇਕ ਦਿਨ symposium ਕਰਵਾਇਆ ਜਾਵੇ । | |
| 3 | ਸ਼ਾਮ 4.00 ਵਜੇ | ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ, ਸ਼ਹੀਦ ਸੁਖਦੇਵ ਜੀ ਅਤੇ ਸ਼ਹੀਦ ਰਾਜਗੁਰੂ ਜੀ ਦੇ ਜੀਵਨ ਅਤੇ ਘਟਨਾਵਾਂ ਤੇ ਅਧਾਰਿਤ ਵਿਦਿਆਰਥੀਆਂ ਦੁਆਰਾ ਨਾਟਕ ਤਿਆਰ ਕਰਕੇ ਉਸਦਾ ਮੰਚਨ ਸ਼ਹਿਰ ਦੇ ਲੋਕਾਂ ਅਤੇ ਵਿਦਿਆਰਥੀਆਂ ਲਈ ਕੀਤਾ ਜਾਵੇ। | |

ਇਹਨਾਂ ਪ੍ਰੋਗਰਾਮਾਂ ਦੀ ਵਿਸਥਾਰਤ ਰਿਪੋਰਟ ਡਿਪਟੀ ਡਾਇਰੈਕਟਰ ਉਚੇਰੀ ਸਿੱਖਿਆ ਵਿਭਾਗ ਜੀ ਨੂੰ ਭੇਜਣੀ ਯਕੀਨੀ ਬਣਾਈ ਜਾਵੇ।

DUI/DCDC

DCDC.
Circulate

DUI

VC
11/3/24

ਡਿਪਟੀ ਡਾਇਰੈਕਟਰ (ਉਚੇਰੀ ਸਿੱਖਿਆ)